**3.4.3_GCAmargarh_ExtensionActivityNewsPublished_2019_SeminarOnImportanceOfBloodDonation**

**Newspaper: Jagbani, Dated:31/10/2019, pg no.3/4**



# 'ਖ਼ੂਨ ਦਾਨ ਦੀ ਮਹੱਤਤਾ' ਵਿਸ਼ੇ 'ਤੇ ਸੈਮੀਨਾਰ ਆਯੋਜਿਤ



ਮੁੱਖ ਬੁਲਾਰੇ ਡਾ. ਜੋਤੀ ਕਪੂਰ ਨੂੰ ਸਨਮਾਨਤ ਕਰਦੇ ਹੋਏ ਪ੍ਰਿੰਸੀਪਲ ਮੁਹੰਮਦ ਜਮੀਲ, ਐੱਸ. ਐੱਚ. ਓ. ਸੁਖਪਾਲ ਸਿੰਘ ਅਤੇ ਕਲੱਬ ਮੈਂਬਰਜ਼।

ਅਮਰਗੜ੍ਹ 30 ਅਕਤੂਬਰ (ਜੋਸ਼ੀ)- ਸਮਾਜ-ਸੇਵੀ ਸੰਸਥਾ ਵਿਗਿਆਨਕ ਅਤੇ ਵੈੱਲਫੇਅਰ ਕਲੱਬ ਅਮਰਗੜ੍ਹ ਵੱਲੋਂ ਸਰਕਾਰੀ ਕਾਲਜ ਅਮਰਗੜ੍ਹ ਵਿਖੇ 'ਖ਼ੂਨ ਦਾਨ ਦੀ ਮਹੱਤਤਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਪ੍ਰੋ. ਕਮਲਜੀਤ ਸਿੰਘ ਨੇ ਕਲੱਬ ਵੱਲੋਂ ਕੀਤੇ ਜਾਂਦੇ ਕੰਮਾਂ ਖ਼ੂਨ ਦਾਨ, ਅੱਖਾਂ ਦਾਨ, ਸਰੀਰ ਦਾਨ, ਨਸ਼ਿਆਂ ਅਤੇ ਸਮਾਜਕ ਕੁਰੀਤੀਆਂ ਖਿਲਾਫ ਸੈਮੀਨਾਰ, ਵਾਤਾਵਰਨ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਬੂਟੇ ਲਾਉਣ ਅੰਧ-ਵਿਸ਼ਵਾਸਾਂ ਖ਼ਿਲਾਫ਼ ਤਰਕਸ਼ੀਲ ਨਾਟਕ ਮੇਲਿਆਂ ਦਾ ਆਯੋਜਨ ਕਰਨ ਆਦਿ ਦਾ ਜ਼ਿਕਰ ਕਰਦਿਆਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਪ੍ਰਿੰਸੀਪਲ ਡਾ. ਮੁਹੰਮਦ ਜਮੀਲ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਵਿਦਿਆਰਥੀਆਂ ਨੂੰ ਸਮਾਜ-ਸੇਵਾ ਲਈ ਪ੍ਰੇਰਿਤ ਕੀਤਾ।


ਸੈਮੀਨਾਰ ਦੇ ਮੁੱਖ ਬੁਲਾਰੇ ਡਾ. ਜੋਤੀ ਕਪੂਰ ਇੰਚਾਰਜ ਬਲੱਡ ਬੈਂਕ ਮਾਲੇਰਕੋਟਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੇ ਵੱਲੋਂ ਦਾਨ ਕੀਤਾ ਹੋਇਆ ਖ਼ੂਨ ਕਿਸੇ ਮਰੀਜ਼ ਲਈ ਸੰਜੀਵਨੀ ਬੂਟੀ ਦਾ ਕੰਮ ਕਰਦਾ ਹੈ। ਇਸ ਨੂੰ ਸਭ ਤੋਂ ਉੱਤਮ ਦਾਨ ਮੰਨਿਆ ਜਾਂਦਾ ਹੈ। ਖ਼ੂਨ ਦਾਨ ਪ੍ਰਤੀ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਉਨ੍ਹਾਂ ਨੂੰ ਖ਼ੂਨ ਦਾਨ ਪ੍ਰਤੀ ਉਤਸ਼ਾਹਿਤ ਕੀਤਾ।

ਉਨ੍ਹਾਂ ਕਲੱਬ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਸਥਾ ਦੇ ਸਾਰੇ ਮੈਂਬਰ ਕੰਮ ਕਰਨ ਵਿਚ ਯਕੀਨ ਰਖਦੇ ਹਨ। ਮੁੱਖ ਮਹਿਮਾਨ ਡਾ. ਕੁਲਵਿੰਦਰ ਸਿੰਘ ਗਿੱਲ ਅਤੇ ਉਨ੍ਹਾਂ ਦੀ ਪਤਨੀ ਗੁਰਸ਼ਮਨਪ੍ਰੀਤ ਕੌਰ ਵੱਲੋਂ ਕਲੱਬ ਦਾ ਧੰਨਵਾਦ ਕਰਦਿਆਂ ਆਪਣੇ ਦਿਲ ਦੀਆਂ ਗੱਲਾਂ ਸਾਂਝੀਆਂ ਕੀਤੀਆਂ। ਕਲੱਬ ਪ੍ਰਧਾਨ ਡਾ. ਪਵਿੱਤਰ ਸਿੰਘ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸੁਖਜਿੰਦਰ ਸਿੰਘ ਝੱਲ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਐੱਸ. ਐੱਚ. ਓ. ਸੁਖਪਾਲ ਸਿੰਘ, ਪ੍ਰੋਫੈਸਰ ਜਗਜੀਤ ਸਿੰਘ, ਪ੍ਰੋ. ਦੀਪਿਕਾ ਜਿੰਦਲ, ਪ੍ਰੋ. ਸੋਨੀਆ ਗੱਖੜ ਤੇ ਪ੍ਰੋ. ਨਜ਼ਮਾ ਪ੍ਰਵੀਨ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼, ਵਿਦਿਆਰਥੀ ਅਤੇ ਕਲੱਬ ਮੈਂਬਰ ਹਾਜ਼ਰ ਸਨ।

Principal
Govt. College
Amargarh (Sangrur)

**Newspaper: Punjab Times, Dated:31/10/2019**

# ਦਾਨ ਕੀਤਾ ਹੋਇਆ ਖ਼ੂਨ ਮਰੀਜ਼ ਲਈ ਸੰਜੀਵਨੀ ਬੂਟੀ ਦਾ ਕੰਮ ਕਰਦਾ ਹੈ : ਡਾ. ਜੋਤੀ ਕਪੂਰ



ਅਮਰਗੜ੍ਹ, 30 ਅਕਤੂਬਰ (ਸੁਖਵਿੰਦਰ ਸਿੰਘ ਅਟਵਾਲ)- ਸਮਾਜ ਸੇਵੀ ਸੰਸਥਾ ਵਿਗਿਆਨਕ ਅਤੇ ਵੈੱਲਫੇਅਰ ਕਲੱਬ (ਰਜਿ:) ਅਮਰਗੜ੍ਹ ਵੱਲੋਂ ਸਰਕਾਰੀ ਕਾਲਜ ਅਮਰਗੜ੍ਹ ਵਿਖੇ 'ਖ਼ੂਨਦਾਨ ਦੀ ਮਹੱਤਤਾ' ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ ਪ੍ਰਿੰ: ਕਮਲਜੀਤ ਸਿੰਘ ਨੇ ਕਲੱਬ ਵੱਲੋਂ ਕੀਤੇ ਜਾਂਦੇ ਕੰਮਾਂ ਖ਼ੂਨਦਾਨ, ਅੱਖਾਂ ਦਾਨ, ਸਰੀਰ ਦਾਨ, ਨਸ਼ਿਆਂ ਅਤੇ ਸਮਾਜਿਕ ਕੁਰੀਤੀਆਂ ਖਿਲਾਫ਼ ਸੈਮੀਨਾਰ, ਵਾਤਾਵਰਣ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਬੂਟੇ ਲਗਾਉਣ, ਅੰਧਵਿਸਵਾਸ਼ਾਂ ਖਿਲਾਫ ਤਰਕਸ਼ੀਲ ਨਾਟਕ ਮੇਲਿਆਂ ਦਾ ਆਯੋਜਨ ਕਰਨ ਆਦਿ ਦਾ ਜ਼ਿਕਰ ਕਰਦਿਆਂ ਪ੍ਰੋਗਰਾਮ ਦੀ ਸ਼ੁਰੂਆਤ ... ਪ੍ਰਿੰਸਪਲ ਡਾ. ਮੁਹੰਮਦ ਜਮੀਲ ... ਮਹਿਮਾਨਾਂ ਨੂੰ ਜੀ ਆਇਆ ...ਆਂ ਵਿਦਿਆਰਥੀਆਂ ਨੂੰ ...ਜ ਸੇਵਾ ਲਈ ਪ੍ਰੇਰਿਤ ਕੀਤਾ ਸੈਮੀਨਾਰ ਦੇ ਮੁੱਖ ਬੁਲਾਰੇ ਡਾ. ਜੋਤੀ ਕਪੂਰ (ਇੰਚਾਰਜ ਬਲੱਡ ਬੈਂਕ ਮਲੇਰਕੋਟਲਾ) ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੇ ਵੱਲੋਂ ਦਾਨ ਕੀਤਾ ਹੋਇਆ ਖ਼ੂਨ ਕਿਸੇ ਮਰੀਜ਼ ਲਈ ਸੰਜੀਵਨੀ ਬੂਟੀ ਦਾ ਕੰਮ ਕਰਦਾ ਹੈ, ਇਸੇ ਲਈ ਇਸ ਨੂੰ ਸਭ ਤੋਂ ਉੱਤਮ ਦਾਨ ਮੰਨਿਆ ਜਾਂਦਾ ਹੈ ਉਹਨਾਂ ਖ਼ੂਨਦਾਨ ਪ੍ਰਤੀ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਉਹਨਾਂ ਨੂੰ ਖ਼ੂਨਦਾਨ ਕਰਨ ਲਈ ਉਤਸ਼ਾਹਿਤ ਕੀਤਾ ਉਹਨਾਂ ਕਲੱਬ ਦੇ ਕੰਮਾਂ ਦੀ ਸਲਾਘਾ ਕਰਦਿਆਂ ਕਿਹਾ ਕਿ ਸੰਸਥਾ ਦੇ ਸਾਰੇ ਮੈਂਬਰ ਕੰਮ ਕਰਨ ਵਿੱਚ ਯਕੀਨ ਰੱਖਦੇ ਹਨ ਮੁੱਖ ਮਹਿਮਾਨ ਡਾ. ਕੁਲਵਿੰਦਰ ਸਿੰਘ ਗਿੱਲ ਅਤੇ ਉਨ੍ਹਾਂ ਦੀ ਪਤਨੀ ਗੁਰਸ਼ਮਨਪ੍ਰੀਤ ਕੌਰ ਵੱਲੋਂ ਕਲੱਬ ਦਾ ਧੰਨਵਾਦ ਕਰਦਿਆਂ ਆਪਣੇ ਦਿਲ ਦੇ ਬਲਬਲੇ ਸਾਂਝੇ ਕੀਤੇ ਗਏ ਕਲੱਬ ਪ੍ਰਧਾਨ ਡਾ. ਪਵਿੱਤਰ ਸਿੰਘ ਵੱਲੋਂ ਸਾਰਿਆ ਦਾ ਧੰਨਵਾਦ ਕੀਤਾ ਗਿਆ।

ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸੁਖਜਿੰਦਰ ਸਿੰਘ ਝੱਲ ਵੱਲੋਂ ... ਨਿਭਾਈ ਗਈ।ਇਸ ਮੌ... ਜਗਜੀਤ ਸਿੰਘ, ਪ੍ਰੋ: ਦ... ਜਿੰਦਲ, ਪ੍ਰੋ: ਸੋਨੀਆਂ ਗੱਖੜ, ਪ੍ਰੋ: ਨਜਮਾ ਪ੍ਰਵੀਨ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼, ਵਿਦਿਆਰਥੀ ਅਤੇ ਕਲੱਬ ਮੈਂਬਰ ਹਾਜ਼ਰ ਸਨ।

Seen
Meeny
Principal
Govt. College
Amargarh (Sangrur)

**Newspaper: Chardikala, Dated:30/10/2019**

# ਖ਼ੂਨਦਾਨ ਦੀ ਮਹੱਤਤਾ ਵਿਸ਼ੇ 'ਤੇ ਸੈਮੀਨਾਰ ਕਰਵਾਇਆ



ਅਮਰਗੜ੍ਹ, 30 ਅਕਤੂਬਰ (ਰਣਧੀਰ ਸਿੰਘ ਮੁਹਾਲਾ): ਅਮਰਗੜ੍ਹ ਇਲਾਕੇ ਦੀ ਸਿਰਮੌਰ ਸਮਾਜ ਸੇਵੀ ਸੰਸਥਾ ਵਿਗਿਆਨਕ ਅਤੇ ਵੈੱਲਫੇਅਰ ਕਲੱਬ ਵੱਲੋਂ ਸਰਕਾਰੀ ਕਾਲਜ ਅਮਰਗੜ੍ਹ ਵਿਖੇ "ਖ਼ੂਨਦਾਨ ਦੀ ਮਹੱਤਤਾ" ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਪ੍ਰੋ. ਕਮਲਜੀਤ ਸਿੰਘ ਨੇ ਕਲੱਬ ਵੱਲੋਂ ਕੀਤੇ ਜਾਂਦੇ ਕੰਮਾਂ ਖ਼ੂਨਦਾਨ, ਅੱਖਾਂ ਦਾਨ, ਸਰੀਰ ਦਾਨ, ਨਸ਼ਿਆਂ ਅਤੇ ਸਮਾਜਿਕ ਕੁਰੀਤੀਆਂ ਖਿਲਾਫ ਸੈਮੀਨਾਰ, ਵਾਤਾਵਰਨ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਬੂਟੇ ਲਗਾਉਣ ਅੰਧ ਵਿਸ਼ਵਾਸਾਂ ਖਿਲਾਫ ਤਰਕਸ਼ੀਲ ਨਾਟਕ ਮੇਲਿਆਂ ਦਾ ਆਯੋਜਨ ਕਰਨ ਆਦਿ ਦਾ ਜ਼ਿਕਰ ਕਰਦਿਆਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਪ੍ਰਿੰਸੀਪਲ ਡਾ ਮੁਹੰਮਦ ਜਮੀਲ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਵਿਦਿਆਰਥੀਆਂ ਨੂੰ ਸਮਾਜ ਸੇਵਾ ਲਈ ਪ੍ਰੇਰਿਤ ਕੀਤਾ। ਸੈਮੀਨਾਰ ਦੇ ਮੁੱਖ ਬੁਲਾਰੇ ਡਾ. ਜੋਤੀ ਕਪੂਰ ਇੰਚਾਰਜ ਬਲੱਡ ਬੈਂਕ ਮਾਲੇਰਕੋਟਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੇ ਵੱਲੋਂ ਦਾਨ ਕੀਤਾ ਹੋਇਆ ਖ਼ੂਨ ਕਿਸੇ ਮਰੀਜ਼ ਲਈ ਸੰਜੀਵਨੀ ਬੂਟੀ ਦਾ ਕੰਮ ਕਰਦਾ ਹੈ, ਇਸੇ ਲਈ ਇਸ ਨੂੰ ਉੱਤਮ ਦਾਨ ਮੰਨਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਕਰਨ ਵਾਲੇ ਵਿਅਕਤੀ ਦੀ ਨੀਂਦ ਪੂਰੀ ਕੀਤੀ ਹੋਣੀ ਚਾਹੀਦੀ ਹੈ, ਖਾਣਾ ਖਾਧਾ ਹੋਣਾ ਚਾਹੀਦਾ ਹੈ, ਅਗਰ ਕਿਸੇ ਮਰੀਜ਼ ਦੀ ਦਵਾਈ ਚਲਦੀ ਹੋਵੇ ਤਾਂ ਉਸ ਨੂੰ ਸਬੰਧਤ ਡਾ. ਦੀ ਸਲਾਹ ਲੈਣੀ ਚਾਹੀਦੀ ਹੈ। ਉਹਨਾਂ ਖ਼ੂਨਦਾਨ ਪ੍ਰਤੀ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਉਨ੍ਹਾਂ ਨੂੰ ਖ਼ੂਨਦਾਨ ਪ੍ਰਤੀ ਉਤਸ਼ਾਹਿਤ ਕੀਤਾ। ਉਹਨਾਂ ਕਲੱਬ ਦੇ ਕੰਮਾਂ ਦੀ ਸ਼ਲਾਘਾ ਕੀਤੀ। ਮੁੱਖ ਮਹਿਮਾਨ ਡਾ. ਕੁਲਵਿੰਦਰ ਸਿੰਘ ਗਿੱਲ ਅਤੇ ਉਨ੍ਹਾਂ ਦੀ ਪਤਨੀ ਗੁਰਸ਼ਮਨਪ੍ਰੀਤ ਕੌਰ ਵੱਲੋਂ ਕਲੱਬ ਦਾ ਧੰਨਵਾਦ ਕਰਦਿਆਂ ਆਪਣੇ ਦਿਲ ਦੇ ਬਲਵਲੇ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਗਏ। ਕਲੱਬ ਪ੍ਰਧਾਨ ਡਾ. ਪਵਿੱਤਰ ਸਿੰਘ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸੁਖਜਿੰਦਰ ਸਿੰਘ ਝੱਲ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਰਾਸ਼ਟਰਪਤੀ ਐਵਾਰਡ ਨਾਲ ਸਨਮਾਨਿਤ ਐਸ.ਐਚ.ਓ. ਸੁਖਪਾਲ ਸਿੰਘ, ਪਟਵਾਰੀ ਹਰਬੀਰ ਸਿੰਘ ਢੀਂਡਸਾ, ਪ੍ਰੋ. ਜਗਜੀਤ ਸਿੰਘ, ਪ੍ਰੋ. ਦੀਪਿਕਾ ਜਿੰਦਲ, ਪ੍ਰੋ. ਸੋਨੀਆ ਗੱਖੜ,ਪ੍ਰੋ.ਨਜ਼ਮਾ ਪ੍ਰਵੀਨ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼, ਵਿਦਿਆਰਥੀ ਅਤੇ ਕਲੱਬ ਮੈਂਬਰ ਹਾਜ਼ਰ ਸਨ।



Seen
Meenu
Principal
Govt. College
Amargarh (Sangrur)

Newspaper: Punjabi Tribune, Patiala/Sangrur, Dated:31/10/2019, pg no.4/4

5:27 AM ... 0.09K/s 4G VoLTE 92%




## ਮੁਲਾਜ਼ਮਾਂ ਨੇ ਡੀਸੀ ਦਫ਼ਤਰ ਅੱਗੇ ਰੋਸ ਰੈਲੀ ਕੀਤੀ

ਪਹਿਲੀ ਨਵੰਬਰ ਨੂੰ ਪਟਿਆਲਾ ਦੀ ਸੂਬਾ ਪੱਧਰੀ ਰੈਲੀ 'ਚ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਦੀ ਚਿਤਾਵਨੀ



## ਸਰਕਾਰੀ ਕਾਲਜ 'ਚ ਖ਼ੂਨਦਾਨ ਦੀ ਮਹੱਤਤਾ ਬਾਰੇ ਸੈਮੀਨਾਰ



# ਸਰਕਾਰੀ ਕਾਲਜ 'ਚ ਖ਼ੂਨਦਾਨ ਦੀ ਮਹੱਤਤਾ ਬਾਰੇ ਸੈਮੀਨਾਰ

ਪੱਤਰ ਪ੍ਰੇਰਕ

ਅਮਰਗੜ੍ਹ, 30 ਅਕਤੂਬਰ

ਵਿਗਿਆਨਕ ਅਤੇ ਵੈੱਲਫੇਅਰ ਕਲੱਬ ਵੱਲੋਂ ਪ੍ਰਿੰਸੀਪਲ ਡਾ. ਮੁਹੰਮਦ ਜਮੀਲ ਦੀ ਦੇਖਰੇਖ ਹੇਠ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਸਰਕਾਰੀ ਕਾਲਜ ਵਿੱਚ ਖ਼ੂਨਦਾਨ ਦੀ ਮਹੱਹਤਾ ਬਾਰੇ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੇ ਮੁੱਖ ਬੁਲਾਰੇ ਬਲੱਡ ਬੈਂਕ ਮਾਲੇਰਕੋਟਲਾ ਦੇ ਇੰਚਾਰਜ ਡਾ. ਜੋਤੀ ਕਪੂਰ ਨੇ ਕਿਹਾ ਕਿ ਦਾਨ ਕੀਤਾ ਖ਼ੂਨ ਕਿਸੇ ਵਿਅਕਤੀ ਦੀ ਜ਼ਿੰਦਗੀ ਬਚਾਉਂਦਾ ਹੈ। ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ।

ਮੁੱਖ ਮਹਿਮਾਨ ਡਾ. ਕੁਲਵਿੰਦਰ ਸਿੰਘ ਗਿੱਲ ਤੇ ਉਨ੍ਹਾਂ ਦੀ ਪਤਨੀ ਗੁਰਸ਼ਮਨਪ੍ਰੀਤ ਕੌਰ ਨੇ ਖ਼ੂਨਦਾਨ ਦੀ ਮਹੱਹਤਾ ਬਾਰੇ ਵਿਚਾਰ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਖ਼ੂਨਦਾਨ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਪ੍ਰਿੰਸੀਪਲ ਡਾ. ਮੁਹੰਮਦ ਜਮੀਲ ਨੇ ਕਲੱਬ ਦੇ ਪ੍ਰਧਾਨ ਡਾ. ਪਵਿੱਤਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਲਈ ਲਾਹੇਵੰਦ ਹੁੰਦੇ ਹਨ। ਇਸ ਮੌਕੇ ਪਟਵਾਰੀ ਹਰਵੀਰ ਸਿੰਘ, ਥਾਣਾ ਮੁਖੀ ਸੁਖਪਾਲ ਸਿੰਘ, ਪ੍ਰੋ. ਕਮਲਜੀਤ ਸਿੰਘ, ਜਗਜੀਤ ਸਿੰਘ, ਦੀਪਿਕਾ ਜਿੰਦਰ, ਸੋਨੀਆ ਗੱਖੜ, ਨਜਮਾ ਪ੍ਰਵੀਨ ਆਦਿ ਹਾਜ਼ਰ ਸਨ। ਸਟੇਜ ਦੀ ਭੂਮਿਕਾ ਸੁਖਜਿੰਦਰ ਸਿੰਘ ਨੇ ਨਿਭਾਈ। ਡਾ. ਪਵਿੱਤਰ ਸਿੰਘ ਨੇ ਆਏ ਮਹਿਮਾਨਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਖ਼ੂਨਦਾਨ, ਸਰੀਰ ਦਾਨ ਤੇ ਅੱਖਾਂ ਦਾਨ ਦੀ ਮਹੱਹਤਾ 'ਤੇ ਚਾਨਣਾ ਪਾਇਆ।



ਪ੍ਰੋ. ਕੁਲਵਿੰਦਰ ਸਿੰਘ ਤੇ ਮੈਡਮ ਗੁਰਸ਼ਮਨਪ੍ਰੀਤ ਕੌਰ ਦਾ ਸਨਮਾਨ ਕਰਦੇ ਹੋਏ ਕਲੱਬ ਮੈਂਬਰ।

Principal
Govt. College
Amargarh (Sangrur)


**3.4.3_GCAmargarh_ExtensionActivityNewsPublished_2022_RallyOnTo StopStubbleBurning**

**Newspaper: Punjabi Tribune, Dated:20/10/2022, pg no.9/14**

**Title: Rally on – To Stop Stubble Burning**



# ਰੈਲੀਆਂ ਰਾਹੀਂ ਪਰਾਲੀ ਨੂੰ ਅੱਗ ਨਾ ਲਾਉਣ ਦਾ ਸੁਨੇਹਾ ਦਿੱਤਾ



ਅਮਰਗੜ੍ਹ ਵਿੱਚ ਰੈਲੀ ਨੂੰ ਰਵਾਨਾ ਕਰਦੇ ਹੋਏ ਪ੍ਰਿੰਸੀਪਲ ਪ੍ਰੋ.ਮੀਨੂੰ। ਫੋਟੋ ਜੈਦਕਾ

ਪੱਤਰ ਪ੍ਰੇਰਕ
ਰਾਜਪੁਰਾ, 19 ਅਕਤੂਬਰ

ਇਥੇ ਦੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਦੇ ਐੱਨਐੱਸਐੱਸ ਵਿਭਾਗ ਵੱਲੋਂ 'ਪਰਾਲੀ ਨਾ ਸਾੜੋ ਜੋ, ਸਭ ਤੋਂ ਸਮਝਦਾਰ ਓਹ' ਮੁਹਿੰਮ ਤਹਿਤ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ ਲਈ ਪ੍ਰਿੰਸੀਪਲ ਪ੍ਰੋ. ਰਾਜੀਵ ਬਾਹੀਆ, ਐੱਨਐੱਸਐੱਸ ਵਿਭਾਗ ਦੇ ਕੋਆਰਡੀਨੇਟਰ ਡਾ. ਮਨਦੀਪ ਸਿੰਘ, ਪ੍ਰੋ. ਵੰਦਨਾ ਗੁਪਤਾ ਅਤੇ ਪ੍ਰੋ. ਹਿਮਾਨੀ ਸ਼ਰਮਾ ਦੀ ਅਗਵਾਈ ਵਿੱਚ 150 ਵਾਲੰਟੀਅਰਾਂ ਵੱਲੋਂ ਪਿੰਡ ਇਸਲਾਮਪੁਰ, ਪਿਲਖਣੀ, ਖੈਰਪੁਰ ਜੱਟਾਂ, ਨੀਲਪੁਰ, ਅਲੂਣਾ ਅਤੇ ਮਹਿਮੂਦਪੁਰ ਸਮੇਤ ਹੋਰਨਾਂ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ. ਸੁਖਬੀਰ ਸਿੰਘ ਥਿੰਦ ਨੇ ਕਿਹਾ ਕਿ ਰੈਲੀਆਂ ਨਾਲ ਕਿਸਾਨਾਂ ਨੂੰ ਜਾਗਰੂਕ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਡਾ. ਐੱਸਐੱਸ ਰਾਣਾ, ਪ੍ਰੋ. ਸੰਦੀਪ ਸਿੰਘ, ਬਲਜਿੰਦਰ ਸਿੰਘ ਗਿੱਲ, ਗੁਰਵਿੰਦਰ ਸਿੰਘ ਮੌਜੂਦ ਸਨ।

**ਅਮਰਗੜ੍ਹ (ਪੱਤਰ ਪ੍ਰੇਰਕ):** ਸਰਕਾਰੀ ਕਾਲਜ ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਪ੍ਰੋ. ਮੀਨੂੰ ਦੀ ਅਗਵਾਈ ਹੇਠ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਜਾਗਰੂਕਤਾ ਰੈਲੀ ਕੱਢੀ। ਡਾ. ਤੇਜਿੰਦਰ ਸਿੰਘ ਤੇ ਪ੍ਰੋ. ਜਗਜੀਤ ਸਿੰਘ ਹਰੀ ਨੇ ਦੱਸਿਆ ਕਿ ਇਹ ਰੈਲੀ ਬਾਜ਼ੀਗਰ ਬਸਤੀ ਲਾਂਗੜੀਆਂ ਹੁੰਦੀ ਹੋਈ ਵਾਪਸ ਕਾਲਜ ਪਹੁੰਚੀ। ਪ੍ਰੋਫੈਸਰ ਕਮਲਜੀਤ ਸਿੰਘ ਨੇ ਲਾਂਗੜੀਆਂ ਦਰਵਾਜ਼ੇ ਕਿਸਾਨਾਂ ਨੂੰ ਸੰਬੋਧਨ ਕੀਤਾ ਤੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਕਿਸਾਨਾਂ ਨਾਲ ਰਾਬਤਾ ਕਾਇਮ ਕਰਦੇ ਹੋਏ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰੋ. ਰਮਨਦੀਪ ਸਿੰਘ, ਡਾ. ਸੋਨੀਆ ਗੱਗੜ, ਪ੍ਰੋ. ਮਨਜਿੰਦਰ ਸਿੰਘ ਹਾਜ਼ਰ ਸਨ।

Meenu
Principal
Govt. College
Amargarh (Sangrur)